# ਆਕਾਸ਼ਵਾਣੀ ਜਲੰਧਰ

# ਪ੍ਰਦੇਸਕ ਖਬਰਾਂ ਪੰਜਾਬੀ

## 13:10

**ਮਿਤੀ : 03-10-2026**

ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ), ਚੰਡੀਗੜ੍ਹ ਨੇ ਕੱਲ੍ਹ ਚੰਡੀਗੜ੍ਹ, ਮੋਹਾਲੀ ਅਤੇ ਪੰਚਕੂਲਾ ਵਿੱਚ ਹਰਿਆਣਾ ਸਰਕਾਰ ਦੇ ਫੰਡਾਂ ਦੇ 645 ਕਰੋੜ ਰੁਪਏ ਦੇ ਕਥਿਤ ਗਬਨ ਨਾਲ ਸਬੰਧਤ ਮਨੀ-ਲਾਂਡਰਿੰਗ ਜਾਂਚ ਦੇ ਹਿੱਸੇ ਵਜੋਂ 14 ਥਾਵਾਂ 'ਤੇ ਤਲਾਸ਼ੀ ਲਈ ਏ। ਕਥਿਤ ਵਿਚੋਲੇ ਗੌਰਵ ਕਾਂਸਲ ਸਮੇਤ ਕਈ ਸੁਨਿਆਰਿਆਂ ਅਤੇ ਉਨ੍ਹਾਂ ਦੇ ਸਹਿਯੋਗੀਆਂ ਨਾਲ ਜੁੜੀਆਂ ਥਾਵਾਂ ਦੀ ਤਲਾਸ਼ੀ ਲਈ ਗਈ। ਏਜੰਸੀ ਨੇ 24.30 ਕਰੋੜ ਰੁਪਏ ਨਕਦ ਜ਼ਬਤ ਕੀਤੇ ਅਤੇ ਬੈਂਕ ਖਾਤੇ ਵਿੱਚ ਲਗਭਗ 22 ਕਰੋੜ ਰੁਪਏ ਜ਼ਬਤ ਕੀਤੇ। ਦਸਤਾਵੇਜ਼ ਅਤੇ ਡਿਜੀਟਲ ਸਬੂਤ ਵੀ ਬਰਾਮਦ ਕੀਤੇ ਗਏ। ਇਹ ਜਾਂਚ ਫਰਵਰੀ 2026 ਵਿੱਚ ਹਰਿਆਣਾ ਪੁਲਿਸ ਦੁਆਰਾ ਰਾਜ ਦੇ ਵਿਕਾਸ ਅਤੇ ਪੰਚਾਇਤ ਵਿਭਾਗ ਦੇ ਬੈਂਕ ਖਾਤਿਆਂ ਵਿੱਚ ਅੰਤਰ ਨੂੰ ਲੈ ਕੇ ਦਰਜ ਕੀਤੇ ਗਏ ਮਨੀ ਲਾਂਡਰਿੰਗ ਦੇ ਇੱਕ ਮਾਮਲੇ ਤੋਂ ਬਾਅਦ ਸ਼ੁਰੂ ਕੀਤੀ ਗਈ ਜਾਂਚ ਦਾ ਹਿੱਸਾ ਏ। ਬੈਂਕ ਖਾਤੇ ਆਈਡੀਐਫਸੀ ਫਸਟ ਬੈਂਕ ਅਤੇ ਏਯੂ ਸਮਾਲ ਫਾਈਨੈਂਸ ਬੈਂਕ ਨਾਲ ਰੱਖੇ ਗਏ ਸਨ। ਇਸ ਬੈਂਕ

ਧੋਖਾਧੜੀ ਵਿੱਚ ਕਈ ਆਈਏਐਸ ਅਧਿਕਾਰੀ ਅਤੇ ਹੋਰ ਸਰਕਾਰੀ ਕਰਮਚਾਰੀ ਵੀ ਕਥਿਤ ਤੌਰ 'ਤੇ ਸ਼ਾਮਲ ਨੇ।

---------------------------------------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੇਂਦਰ ਸਰਕਾਰ ਨੂੰ ਝੋਨੇ ਦੀ ਆਮਦ ਸ਼ੁਰੂ ਹੋਣ ਤੋਂ ਪਹਿਲਾਂ ਸੂਬੇ ਵਿੱਚੋਂ ਅਨਾਜ ਦਾ ਸਟਾਕ ਖਾਲੀ ਕਰਨ ਦੀ ਅਪੀਲ ਕੀਤੀ ਏ। ਉਨ੍ਹਾਂ ਕਿਹਾ ਕਿ ਸੁਚੱਜੀ ਖਰੀਦ ਨੂੰ ਯਕੀਨੀ ਬਣਾਉਣ ਅਤੇ ਮੰਡੀਆਂ ਵਿੱਚ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਪ੍ਰੇਸ਼ਾਨੀ ਤੋਂ ਬਚਾਉਣ ਲਈ ਭੰਡਾਰਨ ਲਈ ਢੁਕਵੀਂ ਜਗ੍ਹਾ ਯਕੀਨੀ ਬਣਾਉਣੀ ਲਾਜ਼ਮੀ ਏ। ਕੇਂਦਰੀ ਖਪਤਕਾਰ ਮਾਮਲੇ, ਖੁਰਾਕ ਅਤੇ ਜਨਤਕ ਵੰਡ ਮੰਤਰੀ ਪ੍ਰਹਿਲਾਦ ਜੋਸ਼ੀ ਨੂੰ ਲਿਖੇ ਪੱਤਰ ਵਿੱਚ ਮੁੱਖ ਮੰਤਰੀ ਨੇ 10 ਅਕਤੂਬਰ ਤੱਕ 6 ਲੱਖ ਟਨ ਚੌਲ ਅਤੇ ਅਕਤੂਬਰ ਮਹੀਨੇ ਦੌਰਾਨ 15 ਲੱਖ ਟਨ ਕਣਕ ਦੀ ਤੁਰੰਤ ਲਿਫਟਿੰਗ ਦੀ ਮੰਗ ਕੀਤੀ ਏ। ਉਨ੍ਹਾਂ ਨੇ ਧਿਆਨ ਦਿਵਾਇਆ ਕਿ ਲਗਭਗ 40 ਲੱਖ ਟਨ ਕਣਕ ਦਾ ਸਟਾਕ ਰਾਈਸ ਮਿੱਲਾਂ ਅਤੇ ਮੰਡੀਆਂ ਦੇ ਫੜ੍ਹਾਂ (ਯਾਰਡ) ਵਿੱਚ ਜਗ੍ਹਾ ਘੇਰੀ ਬੈਠਾ ਹੈ, ਜਿਸ ਵਿੱਚੋਂ ਲਗਭਗ 17 ਲੱਖ ਮੀਟ੍ਰਿਕ ਟਨ ਅਜੇ ਵੀ ਉੱਥੇ ਹੀ ਪਿਆ ਏ।

---------------------------------------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੀਤੇ ਦਿਨੀਂ ਅੰਮ੍ਰਿਤਸਰ,

ਤਰਨਤਾਰਨ ਅਤੇ ਫਾਜ਼ਿਲਕਾ ਦੇ ਸਰਹੱਦੀ ਜ਼ਿਲ੍ਹਿਆਂ ਸਮੇਤ ਗੁਰਦਾਸਪੁਰ ਅਤੇ ਕਪੂਰਥਲਾ ਦੀਆਂ ਜੇਲ੍ਹਾਂ ਅਤੇ ਓ.ਓ.ਏ.ਟੀ. ਕਲੀਨਿਕਾਂ ਵਿੱਚ ਚੱਲ ਰਹੇ, ਡਾਕਟਰੀ ਇਲਾਜ ਦੇ ਨਾਲ-ਨਾਲ ਨਸ਼ੇੜੀਆਂ ਦੀ ਮਨੋ-ਸਮਾਜਿਕ ਦੇਖਭਾਲ ਨੂੰ ਹੋਰ ਮਜ਼ਬੂਤ ਕਰਨ ਲਈ, ਇੱਕ ਪਾਇਲਟ ਪ੍ਰੋਜੈਕਟ ਸ਼ੁਰੂ ਕਰਨ ਦੀ, ਸਿਧਾਂਤਕ ਪ੍ਰਵਾਨਗੀ ਦੇ ਦਿੱਤੀ ਏ। ਇਹ ਫੈਸਲਾ ਮੁੱਖ ਮੰਤਰੀ ਅਤੇ ਆਰਟ ਆਫ਼ ਲਿਵਿੰਗ ਫਾਊਂਡੇਸ਼ਨ ਦੇ ਵਫ਼ਦ ਵਿਚਕਾਰ ਹੋਈ ਮੀਟਿੰਗ ਦੌਰਾਨ ਲਿਆ ਗਿਆ। ਮੁੱਖ ਮੰਤਰੀ ਮਾਨ ਨੇ ਕਿਹਾ, "ਇਸ ਪਹਿਲਕਦਮੀ ਤਹਿਤ, ਆਰਟ ਆਫ਼ ਲਿਵਿੰਗ 'ਤੇ ਅਧਾਰਤ ਇੱਕ ਅਧਿਆਤਮਿਕ ਰਿਕਵਰੀ ਪ੍ਰੋਗਰਾਮ ਸ਼ੁਰੂ ਕੀਤਾ ਜਾਵੇਗਾ, ਜਿਸਦਾ ਮੁੱਖ ਉਦੇਸ਼ ਨਸ਼ੇ ਦੇ ਇਲਾਜ ਅਤੇ ਲੰਬੇ ਸਮੇਂ ਦੇ ਮਨੋ-ਸਮਾਜਿਕ ਮੁੜ ਵਸੇਬੇ ਵਿਚਕਾਰ ਪਾੜੇ ਨੂੰ ਪੂਰਾ ਕਰਨਾ ਹੈ।

------------------------------------------------------------------------

ਸਾਬਕਾ ਭਾਰਤੀ ਹਾਕੀ ਕਪਤਾਨ ਅਤੇ ਓਲੰਪੀਅਨ ਪਰਗਟ ਸਿੰਘ ਨੂੰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦਾ ਨਵਾਂ ਪ੍ਰਧਾਨ ਨਿਯੁਕਤ ਕੀਤਾ ਗਿਆ ਏ। ਉਹ ਲੁਧਿਆਣਾ ਦੇ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਥਾਂ ਲੈਣਗੇ, ਜਿਨ੍ਹਾਂ ਨੇ ਸ਼ੁੱਕਰਵਾਰ ਨੂੰ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਸੀ। ਇਹ ਨਿਯੁਕਤੀ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਕੀਤੀ ਗਈ ਏ। ਪਦਮ ਸ਼੍ਰੀ ਅਤੇ ਅਰਜੁਨ ਪੁਰਸਕਾਰ ਜੇਤੂ,

ਪਰਗਟ ਸਿੰਘ ਜਲੰਧਰ ਛਾਉਣੀ ਤੋਂ ਤਿੰਨ ਵਾਰ ਵਿਧਾਇਕ ਰਹਿ ਚੁੱਕੇ ਨੇ ਅਤੇ ਪੰਜਾਬ ਦੇ ਸਾਬਕਾ ਸਿੱਖਿਆ ਅਤੇ ਖੇਡ ਮੰਤਰੀ ਨੇ।

--------------------------------------------------------------------

ਪੰਜਾਬ ਦੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਜਾਪਾਨ ਦੇ ਆਈਚੀ-ਨਾਗੋਯਾ ਵਿਖੇ ਹੋ ਰਹੀਆਂ ਏਸ਼ੀਅਨ ਖੇਡਾਂ 2026 ਵਿੱਚ ਸੋਨ ਤਗਮਾ ਜਿੱਤ ਕੇ ਇਤਿਹਾਸ ਰਚਣ 'ਤੇ ਭਾਰਤੀ ਮਹਿਲਾ ਹਾਕੀ ਟੀਮ ਨੂੰ ਵਧਾਈ ਦਿੱਤੀ ਏ। ਭਾਰਤੀ ਮਹਿਲਾ ਟੀਮ ਨੇ ਦੂਜੀ ਵਾਰ ਏਸ਼ੀਅਨ ਖੇਡਾਂ ਵਿੱਚ ਸੋਨ ਤਗਮਾ ਜਿੱਤਿਆ ਏ। ਆਪਣੇ ਵਧਾਈ ਸੰਦੇਸ਼ ਵਿੱਚ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਇਸ ਇਤਿਹਾਸਕ ਪ੍ਰਾਪਤੀ 'ਤੇ ਪੂਰੇ ਦੇਸ਼ ਨੂੰ ਮਾਣ ਏ। ਉਨ੍ਹਾਂ ਕਿਹਾ ਕਿ ਇਹ ਸੋਨ ਤਗਮਾ ਟੀਮ ਦੀ ਸਖ਼ਤ ਮਿਹਨਤ, ਅਨੁਸ਼ਾਸਨ, ਦ੍ਰਿੜ ਇਰਾਦੇ ਅਤੇ ਟੀਮ ਭਾਵਨਾ ਦਾ ਨਤੀਜਾ ਏ।

--------------------------------------------------------------------

ਕੇਂਦਰ ਸਰਕਾਰ ਦੇ 'ਈ-ਰਕਤਕੋਸ਼' ਪੋਰਟਲ ’ਤੇ ਦਰਜ ਕੀਤੇ ਸਾਲ 2025 ਦੇ ਅੰਕੜਿਆਂ ਮੁਤਾਬਿਕ ਪੰਜਾਬ ਨੇ ਪ੍ਰਤੀ 10 ਲੱਖ ਆਬਾਦੀ ਪਿੱਛੇ ਸਵੈ-ਇੱਛਾ ਨਾਲ ਖ਼ੂਨਦਾਨ ਕਰਨ ਵਿੱਚ ਦੇਸ਼ ਭਰ ਵਿੱਚੋਂ ਤੀਜਾ ਸਥਾਨ ਹਾਸਲ ਕਰਕੇ ਸੂਬੇ ਦਾ ਮਾਣ ਵਧਾਇਆ ਏ। ਪੰਜਾਬ ਦੇ ਲੋਕਾਂ, ਸਵੈ-ਇੱਛਤ ਖ਼ੂਨਦਾਨੀਆਂ, ਗੈਰ-ਸਰਕਾਰੀ ਸੰਸਥਾਵਾਂ ਅਤੇ ਸਿਹਤ

ਸੰਭਾਲ ਪੇਸ਼ੇਵਰਾਂ ਨੂੰ ਵਧਾਈ ਦਿੰਦਿਆਂ ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਇਸ ਨੇਕ ਮਨੁੱਖਤਾਵਾਦੀ ਜਜ਼ਬੇ ਨੂੰ ਪੰਜਾਬੀਆਂ ਦੀ ਨਿਰਸਵਾਰਥ ਭਾਵਨਾ ਅਤੇ ਹਮਦਰਦੀ ਦਾ ਪ੍ਰਤੀਕ ਦੱਸਿਆ। ਨਵੀਂ ਦਿੱਲੀ ਦੇ ਲੇਡੀ ਹਾਰਡਿੰਗ ਮੈਡੀਕਲ ਕਾਲਜ ਦੇ ਸਵਰਨ ਜਯੰਤੀ ਆਡੀਟੋਰੀਅਮ ਵਿਖੇ ਕਰਵਾਏ 'ਰਾਸ਼ਟਰੀ ਸਵੈ-ਇੱਛਤ ਖ਼ੂਨਦਾਨ ਦਿਵਸ' 2026 ਦੇ ਸਮਾਗਮ ਦੌਰਾਨ ਸੂਬੇ ਨੂੰ ਅਧਿਕਾਰਤ ਤੌਰ 'ਤੇ ਸਨਮਾਨਿਤ ਕੀਤਾ ਗਿਆ।

---------------------------------------------------------------------------

ਸ੍ਰੀ ਗੁਰੂ ਰਵਿਦਾਸ ਜੀ ਦੇ, 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ, ਪੰਜਾਬ ਸਰਕਾਰ ਵੱਲੋਂ ਬਟਾਲਾ ਦੇ ਆਈ.ਟੀ.ਆਈ. ਗਰਾਊਂਡ ਵਿਚ, ਇਕ ਸ਼ਾਨਦਾਰ ਏਰੀਅਲ ਡਰੋਨ ਸ਼ੋਅ ਕਰਵਾਇਆ ਗਿਆ। ਇਸ ਦੌਰਾਨ, 500 ਡਰੋਨਾਂ ਨੇ ਅਸਮਾਨ ਵਿੱਚ ਵੱਖ-ਵੱਖ ਆਕ੍ਰਿਤੀਆਂ ਰਾਹੀਂ, ਗੁਰੂ ਜੀ ਦੇ ਜੀਵਨ, ਸਿੱਖਿਆਵਾਂ, ਬਰਾਬਰੀ, ਭਾਈਚਾਰਕ ਸਾਂਝ ਅਤੇ ਸਮਾਜਿਕ ਨਿਆਂ ਦੇ, ਸਦੀਵੀ ਸੰਦੇਸ਼ ਨੂੰ ਬਾਕਮਾਲ ਢੰਗ ਨਾਲ ਪੇਸ਼ ਕੀਤਾ। ਇਸ ਮੌਕੇ ਵਿਧਾਇਕ ਸ਼ੈਰੀ ਕਲਸੀ ਤੇ ਹੋਰ ਕਈ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ।

---------------------------------------------------------------------------

ਏਸ਼ੀਆਈ ਖੇਡਾਂ ਵਿੱਚ ਕ੍ਰਿਕੇਟ ਦੇ ਫਾਈਨਲ ਵਿੱਚ, ਭਾਰਤ ਦਾ ਮੁਕਾਬਲਾ

ਪਾਕਿਸਤਾਨ ਨਾਲ ਹੋ ਰਿਹਾ ਏ। ਭਾਰਤ ਨੇ ਪਹਿਲਾਂ ਬੱਲੇਬਾਜ਼ੀ ਕਰਦਿਆਂ, ਪਾਕਿਸਤਾਨ ਸਾਹਮਣੇ ਜਿੱਤ ਲਈ, 212 ਦੌੜਾਂ ਦਾ ਟੀਚਾ ਰੱਖਿਆ ਏ। ਤਾਜ਼ਾ ਖਬਰਾਂ ਮਿਲਣ ਸਮੇਂ ਤੱਕ, ਪਾਕਿਸਤਾਨ ਨੇ 16 ਓਵਰਾਂ ਵਿੱਚ 4 ਵਿਕਟਾਂ ਦੇ ਨੁਕਸਾਨ 'ਤੇ 157 ਦੌੜਾਂ ਬਣਾ ਲਈਆਂ ਸਨ।

----------------------------------------------------------------------